# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 09-05-2025**

- ਭਾਰਤੀ ਹਥਿਆਰਬੰਦ ਬਲਾਂ ਨੇ ਬੀਤੀ ਰਾਤ ਡਰੋਨ ਅਤੇ ਮਿਜ਼ਾਈਲਾਂ ਰਾਹੀਂ ਭਾਰਤ ਦੇ ਉੱਤਰੀ ਅਤੇ ਪੱਛਮੀ ਸ਼ਹਿਰਾਂ ਨੂੰ ਨਿਸ਼ਾਨਾ ਬਣਾਉਣ ਦੀਆਂ ਪਾਕਿਸਤਾਨ ਦੀਆਂ ਸਾਰੀਆਂ ਕੋਸ਼ਿਸ਼ਾਂ ਨੂੰ ਕੀਤਾ ਨਾਕਾਮ ।
- ਸਰਕਾਰ ਦੇਸ਼ ਵਿੱਚ ਜ਼ਰੂਰੀ ਪ੍ਰਣਾਲੀਆਂ ਅਤੇ ਸੇਵਾਵਾਂ ਦੇ ਸੰਪੂਰਨ ਕਾਰਜਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਨਹੀਂ ਛੱਡ ਰਹੀ ਏ ।
- ਮੁੱਖ ਮੰਤਰੀ ਨੇ ਕਿਹਾ-ਪੰਜਾਬ , ਪਾਕਿਸਤਾਨ ਅਤੇ ਭਾਰਤ ਵਿਚਕਾਰ ਦੀਵਾਰ ਵਾਂਗ ਖੜ੍ਹਾ ਏ-ਸਰਕਾਰ ਨੇ 9 ਡਰੋਨ ਰੋਧੀ ਪ੍ਰਣਾਲੀਆਂ ਖਰੀਦਣ ਦਾ ਫੈਸਲਾ ਕੀਤਾ ।
- ਪੰਜਾਬ ਦੇ ਸਾਰੇ ਪ੍ਰਸ਼ਾਸਨਿਕ ਅਧਿਕਾਰੀਆਂ ਦੀਆਂ ਛੁੱਟੀਆਂ ਰੱਦ- ਸਾਰੇ ਵਿਦਿਅਕ ਸੰਸਥਾਨ ਵੀ, ਅਗਲੇ ਹੁਕਮਾਂ ਤੱਕ ਬੰਦ ਰਹਿਣਗੇ। ਬਲੈਕ ਆਊਟ ਦਿਸ਼ਾ-ਨਿਰਦੇਸ਼ਾਂ ਦੀ ਇੰਨ-ਬਿੰਨ ਕੀਤੀ ਜਾਵੇ ਪਾਲਣਾ।

- ਪੰਜਾਬ ਪੁਲਿਸ ਨੇ ਅੱਜ ਇੱਕ ਨਸ਼ਾ ਤਸਕਰ ਨੂੰ ਮਾਰ ਮੁਕਾਇਆ ਏ ਅਤੇ ਦੋ ਹੋਰਾਂ ਨੂੰ ਕੀਤਾ ਗ੍ਰਿਫ਼ਤਾਰ ।
- ਭਾਰਤੀ ਕ੍ਰਿਕਟ ਕੰਟਰੋਲ ਬੋਰਡ ਵਲੋਂ IPL-2025 ਨੂੰ ਇੱਕ ਹਫ਼ਤੇ ਲਈ, ਤੁਰੰਤ ਮੁਅੱਤਲ ਕਰਨ ਦਾ ਐਲਾਨ ।

---------------------------------------------------

ਭਾਰਤੀ ਹਥਿਆਰਬੰਦ ਬਲਾਂ ਨੇ ਬੀਤੀ ਰਾਤ ਡਰੋਨ ਅਤੇ ਮਿਜ਼ਾਈਲਾਂ ਰਾਹੀਂ ਭਾਰਤ ਦੇ ਉੱਤਰੀ ਅਤੇ ਪੱਛਮੀ ਸ਼ਹਿਰਾਂ ਨੂੰ ਨਿਸ਼ਾਨਾ ਬਣਾਉਣ ਦੀਆਂ ਪਾਕਿਸਤਾਨ ਦੀਆਂ ਸਾਰੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰ ਦਿੱਤਾ। ਸਦਰਮੁਕਾਮ ਸੰਗਠਿਤ ਰਖਿਆ ਸਟਾਫ਼ ਮੁਤਾਬਿਕ, ਪਾਕਿਸਤਾਨ ਨੇ ਜੰਮੂ, ਪਠਾਨਕੋਟ ਅਤੇ ਊਧਮਪੁਰ ਵਿੱਚ ਫੌਜੀ ਟਿਕਾਣਿਆਂ ਅਤੇ ਅੰਤਰ-ਰਾਸ਼ਟਰੀ ਸਰਹੱਦ ਨੇੜੇ ਦੀਆਂ ਥਾਵਾਂ ਨੂੰ ਨਿਸ਼ਾਨਾ ਬਣਾਉਣ ਦੀ ਵੀ ਕੋਸ਼ਿਸ਼ ਕੀਤੀ। ਹਾਲਾਂਕਿ, ਭਾਰਤੀ ਹਥਿਆਰਬੰਦ ਬਲਾਂ ਨੇ ਹਮਲੇ ਨੂੰ ਸਫਲਤਾ ਨਾਲ ਨਾ-ਕਾਮ ਕਰ ਦਿੱਤਾ। ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹਏ । ਪਾਕਿਸਤਾਨ ਤੋਂ ਅੱਠ ਮਿਜ਼ਾਈਲਾਂ ਜੰਮੂ-ਕਸ਼ਮੀਰ ਦੇ ਸਤਵਾਰੀ, ਸਾਂਬਾ, R S ਪੁਰਾ ਅਤੇ ਅਰਨੀਆ ਵੱਲ ਦਾਗੀਆਂ ਗਈਆਂ ਸਨ। ਇਨ੍ਹਾਂ ਮਿਜ਼ਾਈਲਾਂ ਨੂੰ ਹਵਾਈ ਰਖਿਆ ਇਕਾਈਆਂ ਵਲੋਂ ਰੋਕਿਆ ਗਿਆ ਅਤੇ ਨਸ਼ਟ ਕਰ ਦਿੱਤਾ ਗਿਆ। ਇਸ ਦੌਰਾਨ, ਅੱਜ ਹੋਈ ਇੱਕ

ਵਿਸ਼ੇਸ਼ ਸਾਂਝੀ ਪ੍ਰੈਸ ਕਾਨਫਰੰਸ ਵਿੱਚ, ਭਾਰਤੀ ਫੌਜ ਦੇ ਕਰਨਲ ਸੋਫੀਆ ਕੁਰੈਸ਼ੀ ਨੇ ਵੇਰਵੇ ਸਾਂਝੇ ਕਰਦਿਆਂ ਦਸਿਆ ।**BYTE:**

-------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਸੂਬਾ, ਪਾਕਿਸਤਾਨ ਅਤੇ ਭਾਰਤ ਵਿਚਕਾਰ ਦੀਵਾਰ ਵਾਂਗ ਖੜ੍ਹਾ ਏ ।ਉਨ੍ਹਾਂ ਕਿਹਾ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਏ ਕਿਉਂਕਿ ਤਿਰੰਗੇ ਦੀ ਸ਼ਾਨ ਦੀ ਰੱਖਿਆ ਲਈ ਸੂਬਾ ਸਭ ਤੋਂ ਅੱਗੇ ਏ ।**BYTE**

ਸ੍ਰੀ ਮਾਨ ਨੇ ਕੈਬਨਿਟ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਖੁਲਾਸਾ ਕੀਤਾ ਕਿ ਸੂਬਾ ਸਰਕਾਰ ਨੇ ਦਹਿਸ਼ਤਗਰਦੀ ਪੀੜਤਾਂ ਅਤੇ ਜੰਗ ਵਿੱਚ ਜ਼ਖਮੀ ਨਾਗਰਿਕਾਂ ਨੂੰ ਆਪਣੀ 'ਫਰਿਸ਼ਤੇ ਯੋਜਨਾ ' ਵਿੱਚ ਸ਼ਾਮਲ ਕਰਨ ਦਾ ਫੈਸਲਾ ਕੀਤਾ ਏ ਜੋ ਕਿ ਪਹਿਲਾਂ ਸਿਰਫ਼ ਸੜਕ ਹਾਦਸੇ ਦੇ ਪੀੜਤਾਂ ਨੂੰ ਮੁਫ਼ਤ ਇਲਾਜ ਪ੍ਰਦਾਨ ਕਰ ਰਹੀ ਸੀ । ਉਨ੍ਹਾਂ ਕਿਹਾ ਕਿ ਹੁਣ ਤੋਂ, ਦਹਿਸ਼ਤਗਰਦੀ ਅਤੇ ਜੰਗ ਪੀੜਤਾਂ ਦੋਵਾਂ ਨੂੰ ਵੀ ਇਸ ਯੋਜਨਾ ਤਹਿਤ ਕਿਸੇ ਵੀ ਹਸਪਤਾਲ ਵਿੱਚ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਕੈਬਨਿਟ ਨੇ 9 ਡਰੋਨ ਰੋਧੀ ਪ੍ਰਣਾਲੀਆਂ ਖਰੀਦਣ ਦਾ ਫੈਸਲਾ ਕੀਤਾ **BYTE**

ਮੌਜੂਦਾ ਸਥਿਤੀ ਦਾ ਜਾਇਜ਼ਾ ਲੈਣ ਅਤੇ ਰਾਸ਼ਨ ਭੰਡਾਰ ਸਮੇਤ ਹਰ ਤਰ੍ਹਾਂ ਦੀ ਤਿਆਰੀ ਦੀ ਸਮੀਖਿਆ ਕਰਨ ਲਈ ਅੱਜ ਕੈਬਨਿਟ ਮੀਟਿੰਗ ਬੁਲਾਈ ਗਈ। ਕੁਝ ਹੋਰ ਗੱਲਾਂ ਤੋਂ ਇਲਾਵਾ, ਇੱਕ ਹੋਰ ਫੈਸਲਾ ਇਹ ਵੀ ਲਿਆ ਗਿਆ ਕਿ ਮੰਤਰੀ, ਸਰਹੱਦੀ ਇਲਾਕਿਆਂ ਦਾ ਦੌਰਾ ਕਰਨਗੇ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਰਾਜ ਵਿੱਚ ਕੋਈ ਕਾਲਾਬਾਜ਼ਾਰੀ ਤਾਂ ਨਹੀਂ ਹੋ ਰਹੀ।

---------------------------------------------------------

ਪੰਜਾਬ ਵਿੱਚ, ਮੌਜੂਦਾ ਸਥਿਤੀ ਦੇ ਮੱਦੇਨਜ਼ਰ, ਸੂਬਾ ਸਰਕਾਰ ਨੇ ਅੱਜ ਹਸਪਤਾਲ ਅਤੇ ਫਾਇਰ ਸਟੇਸ਼ਨਾਂ ਦੀ ਤਿਆਰੀ, ਸੂਬਾ ਰਾਸ਼ਨ ਭੰਡਾਰ ਅਤੇ ਹੋਰ ਐਮਰਜੈਂਸੀ ਸੇਵਾਵਾਂ ਦੀ ਸਮੀਖਿਆ ਕਰਨ ਲਈ ਇੱਕ ਕੈਬਨਿਟ ਮੀਟਿੰਗ ਬੁਲਾਈ । ਕਿਸੇ ਵੀ ਆਉਣ ਵਾਲੀ ਸਥਿਤੀ ਨਾਲ ਨਜਿੱਠਣ ਲਈ 6 ਸਰਹੱਦੀ ਜ਼ਿਲ੍ਹਿਆਂ ਵਿੱਚ ਕੁਝ ਮੰਤਰੀਆਂ ਨੂੰ ਤਾਇਨਾਤ ਕਰਨ ਦਾ ਵੀ ਫੈਸਲਾ ਲਿਆ ਗਿਆ ਏ ।ਇਸ ਦੌਰਾਨ, ਐਮਰਜੈਂਸੀ ਪ੍ਰਤੀਕਿਰਿਆ ਪ੍ਰਣਾਲੀ ਦੀ ਤਿਆਰੀ ਲਈ, ਸਾਰੇ ਆਈ.ਏ.ਐਸ,ਪੀ.ਸੀ.ਐਸ ਪ੍ਰਸ਼ਾਸਨਿਕ ਅਧਿਕਾਰੀਆਂ ਦੀਆਂ ਛੁੱਟੀਆਂ ਰੱਦ ਕਰ ਦਿੱਤੀਆਂ ਗਈਆਂ ਨੇ ਅਤੇ ਉਨ੍ਹਾਂ ਨੂੰ ਆਪਣੇ ਸਟੇਸ਼ਨ ਨਾ ਛੱਡਣ ਦੇ ਨਿਰਦੇਸ਼ ਦਿੱਤੇ ਗਏ ਨੇ । ਸਾਡੇ ਜਲੰਧਰ ਪੱਤਰਕਾਰ ਨੇ

ਦਸਿਆ ਏ ਕਿ ਪੰਜਾਬ ਵਿੱਚ ਹੁਣ ਤੱਕ ਸਮੁੱਚੀ ਸਥਿਤੀ ਕਾਬੂ ਹੇਠ ਏ। ਬੀਤੀ ਰਾਤ ਪਾਕਿਸਤਾਨ ਵਲੋਂ ਨਿਸ਼ਾਨਾ ਬਣਾਏ ਗਏ ਜ਼ਿਲ੍ਹਿਆਂ ਤੋਂ ਕਿਸੇ ਨੁਕਸਾਨ ਜਾਂ ਜਾਨੀ ਨੁਕਸਾਨ ਦੀ ਸੂਚਨਾ ਨਹੀਂ ਏ। ਬੀ.ਐਸ.ਐਫ ਪਾਕਿਸਤਾਨ ਨਾਲ ਲੱਗਦੀ ਸਰਹੱਦ 'ਤੇ ਚੌਕਸੀ ਨਾਲ ਤਾਇਨਾਤ ਏ ਅਤੇ ਪੰਜਾਬ ਪੁਲਿਸ ਹਾਈ ਅਲਰਟ 'ਤੇ ਏ। ਚੰਡੀਗੜ੍ਹ ਏਅਰ ਫੋਰਸ ਸਟੇਸ਼ਨ ਤੇ ਸੰਭਾਵਿਤ ਹਵਾਈ ਹਮਲੇ ਦੀ ਚੇਤਾਵਨੀ ਮਿਲਣ ਸੰਬੰਧੀ ਇੱਕ ਅਲਰਟ ਵਾਪਸ ਲੈ ਲਿਆ ਗਿਆ ਏ।

-----------------------------------------------------

ਆਪਰੇਸ਼ਨ ਸੰਧੂਰ ਦੇ ਮੱਦੇਨਜ਼ਰ, ਪੰਜਾਬ ਵਿੱਚ ਹਾਈ ਅਲਰਟ ਏ ਅਤੇ ਸਾਰਿਆਂ ਨੂੰ ਸਰਕਾਰ ਵੱਲੋਂ ਦਿੱਤੇ ਜਾ ਰਹੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੇ ਨਿਰਦੇਸ਼ ਸਮੇਂ-ਸਮੇਂ ਤੇ ਡਿਪਟੀ ਕਮਿਸ਼ਨਰਾਂ ਵੱਲੋਂ ਦਿੱਤੇ ਜਾ ਰਹੇ ਨੇ। ਬੀਤੀ ਰਾਤ ਬਠਿੰਡਾ, ਜਲੰਧਰ, ਅੰਮ੍ਰਿਤਸਰ, ਪਠਾਨਕੋਟ ਵਿੱਚ ਪਾਕਿਸਤਾਨ ਵੱਲੋਂ ਕੀਤੇ ਗਏ ਡਰੋਨ ਹਮਲਿਆਂ ਦਾ ਭਾਰਤੀ ਫੌਜ ਵੱਲੋਂ ਢੁਕਵਾਂ ਜਵਾਬ ਦਿੱਤਾ ਗਿਆ। ਕਿਸੇ ਵੀ ਥਾਂ ਤੋਂ, ਕੋਈ ਵੀ ਅਣਸੁਖਾਵੀਂ ਘਟਨਾ ਦੀ ਖਬਰ ਨਹੀਂ ਏ, ਸਭ ਥਾਂਵਾਂ ਸੁਰੱਖਿਤ ਨੇ।

**ਪੇਸ਼ ਏ ਇਕ ਰਿਪੋਰਟ :**

*ਪੰਜਾਬ ਦੀ ਪਾਕਿਸਤਾਨ ਨਾਲ ਲੱਗਦੀ ਸਰਹੱਦ 'ਤੇ, ਬੀ.ਐਸ.ਐਫ ਵੱਲੋਂ ਪੂਰੀ ਤਰਾਂ ਨਾਲ ਚੌਕਸੀ ਰੱਖੀ ਜਾ ਰਹੀ ਏ। ਪੰਜਾਬ ਪੁਲਿਸ ਨੇ ਵੀ, ਸੂਬੇ ਵਿੱਚ ਸੁਰੱਖਿਆ ਦੇ ਪੁਖਤਾ ਬੰਦੋਬਸਤ ਕੀਤੇ ਹੋਏ ਨੇ, ਪੰਜਾਬ ਦੇ ਸਾਰੇ ਪ੍ਰਸ਼ਾਸਨਿਕ ਅਧਿਕਾਰੀਆਂ ਦੀਆਂ*

*ਛੁੱਟੀਆਂ ਵੀ ਰੱਦ ਕਰ ਦਿੱਤੀਆਂ ਗਈਆਂ ਨੇ। ਸਾਰੇ ਵਿਦਿਅਕ ਸੰਸਥਾਨ ਵੀ, ਅਗਲੇ ਹੁਕਮਾਂ ਤੱਕ ਬੰਦ ਰਹਿਣਗੇ । ਆਉਂਦੇ ਦਿਨਾਂ ਵਿਚ ਲਗਾਈਆਂ ਜਾਣ ਵਾਲੀਆਂ ਲੋਕ ਅਦਾਲਤਾਂ ਵੀ ਮੁਲਤਵੀ ਕਰ ਦਿਤੀਆਂ ਗਈਆਂ ਨੇ। ਆਮ ਲੋਕਾਂ ਨੂੰ ਇਹ ਹਦਾਇਤਾਂ ਜਾਰੀ ਕੀਤੀਆਂ ਗਈਆਂ ਨੇ, ਕਿ ਉਹ ਬਲੈਕ ਆਊਟ ਵੇਲੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਨ ਅਤੇ ਸੋਸ਼ਲ ਮੀਡੀਆ 'ਤੇ ਭਰਮ ਫੈਲਾਉਣ ਵਾਲੇ ਸੰਦੇਸ਼ਾਂ ਤੋਂ ਗੁਰੇਜ਼ ਕਰਨ। ਮੋਹਾਲੀ ਅਤੇ ਚੰਡੀਗੜ੍ਹ ਵਿਚ ਸਿਨੇਮਾ ਹਾਲ ਅਤੇ ਸ਼ੋਪਿੰਗ ਮਾਲ ਵੀ ਰਾਤ 8 ਵਜੇ ਤੋਂ ਸਵੇਰੇ 6 ਵਜੇ ਤਕ ਬੰਦ ਰਹਿਣਗੇ।ਓਧਰ ਪਠਾਨਕੋਟ ਵਿਚ ਸ਼ਾਮ 7 ਵਜੇ ਤੋਂ ਬਾਜ਼ਾਰ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਗਏ ਨੇ। ਲੋਕਾਂ ਅਤੇ ਦੁਕਾਨਦਾਰਾਂ ਨੂੰ ਖਾਣ-ਪੀਣ ਦੀਆਂ ਹੋਰ ਜਰੂਰੀ ਵਸਤਾਂ ਦਾ ਭੰਡਾਰ ਕਰਨ ਤੋਂ ਪਰਹੇਜ਼ ਕਰਨ ਦੇ ਨਿਰਦੇਸ਼ ਜਾਰੀ ਕਰ ਦਿੱਤੇ ਗਏ ਨੇ, ਇਨਾ ਹਿਦਾਇਤਾਂ ਨੂੰ ਨਾ ਮਨੇ ਜਾਨ ਦੀ ਸਥਿਤੀ ਵਿੱਚ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਓਧਰ ਚੰਡੀਗੜ੍ਹ ਦੇ ਡਿਪਟੀ ਕਮਿਸ਼ਨਰ ਨਿਸ਼ਾਂਤ ਕੁਮਾਰ ਯਾਦਵ ਨੇ ਅੱਜ ਕੇਂਦਰ ਸ਼ਾਸ਼ਿਤ ਪ੍ਰਦੇਸ਼ ਦੀ ਪੁਲਿਸ ਮੁਖੀ ਕੰਵਰਦੀਪ ਕੌਰ ਨਾਲ ਮੌਜੂਦਾ ਸਥਿਤੀ ਦਾ ਜਾਇਜ਼ਾ ਲੈਂਦਿਆਂ ਨਾਗਰਿਕਾਂ ਨੂੰ ਸੁਚੇਤ ਰਹਿਣ ਲਈ ਕਿਹਾ ਏ।*

*ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਰਾਜੇਸ਼ ਬਾਲੀ*

---------------------------------------------------

ਕਿਸੇ ਵੀ ਹਗਾਮੀ ਸਥਿਤੀ ਨਾਲ ਨਜਿੱਠਣ ਲਈ, ਪੰਜਾਬ ਸਰਕਾਰ ਵੱਲੋਂ ਚੰਡੀਗੜ੍ਹ ਵਿਚ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਏ। ਜਿਸਦੇ ਫੋਨ ਨੰਬਰ ਨੇ 0172-27-41-803 ਤੇ 0172-27-49-901 , ਫੋਨ ਨੰਬਰ ਇਕ ਵਾਰ ਫੇਰ ਸੁਣ ਲਵੋ 0172-27-41-803 ਤੇ 0172-27-49-901 .ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਇਨਾ ਨੰਬਰਾਂ ਉਤੇ ਸੰਪਰਕ ਕੀਤਾ ਜਾ ਸਕਦਾ ਏ।

---------------------------------------------------

ਪੰਜਾਬ ਪੁਲਿਸ ਨੇ ਅੱਜ ਇੱਕ ਨਸ਼ਾ ਤਸਕਰ ਨੂੰ ਮਾਰ ਮੁਕਾਇਆ ਏ ਅਤੇ ਦੋ ਹੋਰਾਂ ਨੂੰ ਗ੍ਰਿਫ਼ਤਾਰ ਕੀਤਾ ਏ। ਨਸ਼ਾ ਵਿਰੋਧੀ ਕਾਰਜ ਬਲ ਨੇ ਜਵਾਬੀ ਗੋਲੀਬਾਰੀ ਵਿੱਚ ਇੱਕ ਤਸਕਰ ਨੂੰ ਮਾਰ ਦਿੱਤਾ ਏ। ਉਸ ਕੋਲੋਂ ਇੱਕ

ਪਿਸਤੌਲ, ਦੋ ਕਿਲੋਗ੍ਰਾਮ ਹੈਰੋਇਨ ਅਤੇ 15 ਲੱਖ ਰੁਪਏ ਬਰਾਮਦ ਕੀਤੇ ਗਏ ਨੇ। ਇੱਕ ਹੋਰ ਕਾਰਵਾਈ ਵਿੱਚ, ਤਰਨਤਾਰਨ ਪੁਲਿਸ ਨੇ ਇੱਕ ਅੰਤਰ-ਰਾਸ਼ਟਰੀ ਨਾਰਕੋ-ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ, ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਏ। ਉਨ੍ਹਾਂ ਕੋਲੋਂ 7 ਅਤਿ- ਆਧੁਨਿਕ ਪਿਸਤੌਲ, ਕਾਰਤੂਸ, ਪੰਜ ਕਿਲੋਗ੍ਰਾਮ ਹੈਰੋਇਨ, 7 ਲੱਖ 20 ਹਜ਼ਾਰ ਰੁਪਏ ਅਤੇ ਇੱਕ ਨੋਟ ਗਿਣਨ ਵਾਲੀ ਮਸ਼ੀਨ ਬਰਾਮਦ ਕੀਤੀ ਗਈ ਏ। ਜਾਂਚ ਕਰਨ 'ਤੇ ਪਤਾ ਲੱਗਿਆ ਏ ਕਿ, ਦੋਵੇਂ ਮੁਲਜ਼ਮ ਪਾਕਿਸਤਾਨ ਸਥਿਤ ਤਸਕਰਾਂ ਅਤੇ ਵਿਦੇਸ਼ੀ ਸੰਚਾਲਕਾਂ ਨਾਲ ਸਿੱਧੇ ਸੰਪਰਕ ਵਿੱਚ ਸਨ।

----------------------------------------------------------------

ਸਰਕਾਰ ਨੇ ਸਾਰੇ ਮੀਡੀਆ ਚੈਨਲਾਂ, ਡਿਜੀਟਲ ਪਲੇਟਫਾਰਮਾਂ ਅਤੇ ਵਿਅਕਤੀਆਂ ਨੂੰ ਰੱਖਿਆ ਕਾਰਵਾਈਆਂ ਅਤੇ ਸੁਰੱਖਿਆ ਬਲਾਂ ਦੀਆਂ ਗਤੀਵਿਧੀਆਂ ਦੀ ਲਾਈਵ ਕਵਰੇਜ ਜਾਂ REAL-TIME ਰਿਪੋਰਟਿੰਗ ਤੋਂ ਬਚਣ ਲਈ ਕਿਹਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰੱਖਿਆ ਮੰਤਰਾਲੇ ਨੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਪਹਿਲਾਂ ਦੇ ਸਰਕੂਲਰ ਦਾ ਹਵਾਲਾ ਦਿੰਦਿਆਂ ਕਿਹਾ ਏ ਕਿ, ਅਜਿਹੀ ਸੰਵੇਦਨਸ਼ੀਲ ਅਤੇ ਸਰੋਤ-ਅਧਾਰਤ ਜਾਣਕਾਰੀ ਦਾ ਖੁਲਾਸਾ ਕਾਰਜਸ਼ੀਲ ਪ੍ਰਭਾਵਸ਼ੀਲਤਾ ਅਤੇ

ਜਾਨਾਂ ਨੂੰ ਖਤਰੇ ਵਿੱਚ ਪਾ ਸਕਦਾ ਏ। ਮੰਤਰਾਲੇ ਨੇ ਕਾਰਗਿਲ ਯੁੱਧ, 26/11 ਹਮਲੇ ਅਤੇ Kandahar ਹਾਈਜੈਕਿੰਗ ਸਮੇਤ ਕੁਝ ਪਿਛਲੀਆਂ ਘਟਨਾਵਾਂ ਦਾ ਹਵਾਲਾ ਦਿੱਤਾ, ਜੋ ਸਮੇਂ ਤੋਂ ਪਹਿਲਾਂ ਰਿਪੋਰਟਿੰਗ ਦੇ ਜੋਖਮਾਂ ਨੂੰ ਉਜਾਗਰ ਕਰਦੇ ਨੇ। ADVISORY ਵਿੱਚ ਕਿਹਾ ਗਿਆ ਏ ਕਿ, ਕੇਬਲ ਟੈਲੀਵਿਜ਼ਨ ਨੈੱਟਵਰਕ (ਸੋਧ) ਨਿਯਮਾਂ ਦੇ ਅਨੁਸਾਰ, ਦਹਿਸ਼ਤਗਰਦੀ ਵਿਰੋਧੀ ਕਾਰਵਾਈਆਂ ਦੌਰਾਨ, ਸਿਰਫ ਨਾਮਜ਼ਦ ਅਧਿਕਾਰੀਆਂ ਵਲੋਂ ਸਮੇਂ-ਸਮੇਂ 'ਤੇ ਬ੍ਰੀਫਿੰਗ ਦੀ ਆਗਿਆ ਏ।

-----------------------------------------------------------

ਭਾਰਤ ਦੀ ਕਾਰਵਾਈ ਤੋਂ ਘਬਰਾਇਆ, ਪਾਕਿਸਤਾਨ ਹੁਣ ਫਰਜ਼ੀ ਖ਼ਬਰਾਂ ਅਤੇ ਗਲਤ ਜਾਣਕਾਰੀ ਫੈਲਾਉਣ ਲਈ ਡਿਜੀਟਲ ਸਪੇਸ ਦਾ ਸਹਾਰਾ ਲੈ ਰਿਹਾ ਏ। ਪਾਕਿਸਤਾਨ ਆਪਣੀ ਜਿੱਤ ਦੀਆਂ ਝੂਠੀਆਂ ਖ਼ਬਰਾਂ ਫੈਲਾ ਰਿਹਾ ਏ, ਜੋ ਕਿ ਤੱਥਾਂ ਨੂੰ ਤੋੜ-ਮਰੋੜ ਕੇ ਦੁਨੀਆ ਦੇ ਸਾਹਮਣੇ ਪੇਸ਼ ਕਰਨ ਅਤੇ ਜਨਤਕ ਧਾਰਨਾ ਨੂੰ ਬਦਲਣ ਦੇ ਉਸ ਦੇ ਜਾਣਬੁੱਝ ਕੇ ਕੀਤੇ ਜਾ ਰਹੇ ਯਤਨਾਂ ਨੂੰ ਦਰਸਾਉਂਦਾ ਏ। ਪਾਕਿਸਤਾਨ ਭਾਰਤ ਵਿਰੁੱਧ ਗਲਤ ਜਾਣਕਾਰੀ ਫੈਲਾਉਣ ਲਈ ਸੋਸ਼ਲ ਮੀਡੀਆ 'ਤੇ ਬਹੁਤ ਸਾਰੀਆਂ ਝੂਠੀਆਂ ਅਤੇ ਗੁੰਮਰਾਹਕੁੰਨ ਖ਼ਬਰਾਂ ਦਾ ਸਹਾਰਾ ਲੈ ਰਿਹਾ ਏ, ਇਸ ਲਈ ਅਜਿਹੇ ਸਮੇਂ ਵਿੱਚ ਹਰ ਜਾਣਕਾਰੀ ਦੀ ਧਿਆਨ ਨਾਲ ਜਾਂਚ ਕਰਨਾ ਬਹੁਤ ਜ਼ਰੂਰੀ ਏ। ਜੇਕਰ ਤੁਹਾਨੂੰ ਕੋਈ ਸ਼ੱਕੀ

ਸਮੱਗਰੀ ਮਿਲਦੀ ਏ, ਖਾਸ ਕਰਕੇ ਭਾਰਤੀ ਹਥਿਆਰਬੰਦ ਫੌਜਾਂ ਜਾਂ ਕਿਸੇ ਮੌਜੂਦਾ ਹਾਲਾਤ ਨਾਲ ਸਬੰਧਤ, ਤਾਂ ਤੁਹਾਨੂੰ ਇਸਦੀ ਸੂਚਨਾ PIB ਫੈਕਟ ਚੈੱਕ ਨੂੰ ਦੇਣੀ ਚਾਹੀਦੀ ਏ। ਤੁਸੀਂ ਅਜਿਹੀ ਜਾਣਕਾਰੀ ਵਟਸਐਪ ਨੰਬਰ 8 7 9 9 7 1 1 2 5 9 ਅਤੇ ਈਮੇਲ ਆਈਡੀ –socialmedia@pib.gov.in 'ਤੇ ਵੀ ਸਾਂਝੀ ਕਰ ਸਕਦੇ ਹੋ।

---------------------------------------------------------

ਭਾਰਤੀ ਕ੍ਰਿਕਟ ਕੰਟਰੋਲ ਬੋਰਡ - BCCI ਨੇ IPL 2025 ਨੂੰ ਇੱਕ ਹਫ਼ਤੇ ਲਈ, ਤੁਰੰਤ ਮੁਅੱਤਲ ਕਰਨ ਦਾ ਐਲਾਨ ਕੀਤਾ ਏ। ਇਹ ਫੈਸਲਾ ਭਾਰਤ ਅਤੇ ਪਾਕਿਸਤਾਨ ਦਰਮਿਆਨ ਵਧਦੇ ਫੌਜੀ ਤਣਾਅ, ਖਾਸ ਕਰਕੇ ਕਸ਼ਮੀਰ ਵਿੱਚ ਹਾਲ ਹੀ ਵਿੱਚ ਸਰਹੱਦ ਪਾਰ ਬਣੇ ਹਾਲਾਤ ਦੇ ਵਿਚਕਾਰ ਆਇਆ ਏ । BCCI ਨੇ ਅੱਜ ਇੱਕ ਬਿਆਨ ਵਿੱਚ ਕਿਹਾ ਏ ਕਿ, ਸਬੰਧਤ ਅਧਿਕਾਰੀਆਂ ਅਤੇ ਹਿੱਸੇਦਾਰਾਂ ਨਾਲ ਸਲਾਹ-ਮਸ਼ਵਰਾ ਕਰਕੇ, ਹਾਲਾਤ ਦੇ ਵਿਆਪਕ ਮੁਲਾਂਕਣ ਤੋਂ ਬਾਅਦ ਸੋਧੇ ਹੋਏ ਪ੍ਰੋਗਰਾਮ ਅਤੇ ਸਥਾਨਾਂ ਬਾਰੇ ਸੂਚਿਤ ਕੀਤਾ ਜਾਵੇਗਾ । ਇਹ ਫੈਸਲਾ IPL ਗਵਰਨਿੰਗ ਕੌਂਸਲ ਵਲੋਂ ਫਰੈਂਚਾਇਜ਼ੀ ਨੁਮਾਇੰਦਿਆਂ ਸਮੇਤ ਮੁੱਖ ਹਿੱਸੇਦਾਰਾਂ ਨਾਲ ਵਿਚਾਰ ਵਟਾਂਦਰੇ ਤੋਂ ਬਾਅਦ ਲਿਆ ਗਿਆ ਏ ।

---------------------------------------------------------

- ਭਾਰਤੀ ਹਥਿਆਰਬੰਦ ਬਲਾਂ ਨੇ ਬੀਤੀ ਰਾਤ ਡਰੋਨ ਅਤੇ ਮਿਜ਼ਾਈਲਾਂ ਰਾਹੀਂ ਭਾਰਤ ਦੇ ਉੱਤਰੀ ਅਤੇ ਪੱਛਮੀ ਸ਼ਹਿਰਾਂ ਨੂੰ ਨਿਸ਼ਾਨਾ ਬਣਾਉਣ ਦੀਆਂ ਪਾਕਿਸਤਾਨ ਦੀਆਂ ਸਾਰੀਆਂ ਕੋਸ਼ਿਸ਼ਾਂ ਨੂੰ ਕੀਤਾ ਨਾਕਾਮ।
- ਸਰਕਾਰ ਦੇਸ਼ ਵਿੱਚ ਜ਼ਰੂਰੀ ਪ੍ਰਣਾਲੀਆਂ ਅਤੇ ਸੇਵਾਵਾਂ ਦੇ ਸੰਪੂਰਨ ਕਾਰਜਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਨਹੀਂ ਛੱਡ ਰਹੀ ਏ।
- ਮੁੱਖ ਮੰਤਰੀ ਨੇ ਕਿਹਾ-ਪੰਜਾਬ , ਪਾਕਿਸਤਾਨ ਅਤੇ ਭਾਰਤ ਵਿਚਕਾਰ ਦੀਵਾਰ ਵਾਂਗ ਖੜ੍ਹਾ ਏ-ਸਰਕਾਰ ਨੇ 9 ਡਰੋਨ ਰੋਧੀ ਪ੍ਰਣਾਲੀਆਂ ਖਰੀਦਣ ਦਾ ਫੈਸਲਾ ਕੀਤਾ।
- ਪੰਜਾਬ ਦੇ ਸਾਰੇ ਪ੍ਰਸ਼ਾਸਨਿਕ ਅਧਿਕਾਰੀਆਂ ਦੀਆਂ ਛੁੱਟੀਆਂ ਰੱਦ- ਸਾਰੇ ਵਿਦਿਅਕ ਸੰਸਥਾਨ ਵੀ, ਅਗਲੇ ਹੁਕਮਾਂ ਤੱਕ ਬੰਦ ਰਹਿਣਗੇ। ਬਲੈਕ ਆਊਟ ਦਿਸ਼ਾ-ਨਿਰਦੇਸ਼ਾਂ ਦੀ ਈਂਨ-ਬੀਂਨ ਕੀਤੀ ਜਾਵੇ ਪਾਲਣਾ।
- ਪੰਜਾਬ ਪੁਲਿਸ ਨੇ ਅੱਜ ਇੱਕ ਨਸ਼ਾ ਤਸਕਰ ਨੂੰ ਮਾਰ ਮੁਕਾਇਆ ਏ ਅਤੇ ਦੋ ਹੋਰਾਂ ਨੂੰ ਕੀਤਾ ਗ੍ਰਿਫ਼ਤਾਰ ।
- ਭਾਰਤੀ ਕ੍ਰਿਕਟ ਕੰਟਰੋਲ ਬੋਰਡ ਵਲੋਂ IPL-2025 ਨੂੰ ਇੱਕ ਹਫ਼ਤੇ ਲਈ, ਤੁਰੰਤ ਮੁਅੱਤਲ ਕਰਨ ਦਾ ਐਲਾਨ ।